# Maharaja Ranjit Singh Punjab Technical University
## Dabwali Road,Bathinda.

(Established by Govt. of Punjab vide Punjab Act No. 5 of 2015 and approved Under Section 2(f) & 12(B) of UGC)

Ref. No. MRSPTU/Estate/21-22/________ Dated________

**ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ ਦੇ ਜੀ.ਜ਼ੈਡ.ਐਸ.ਸੀ.ਸੀ.ਈ.ਟੀ ਕੈਂਪਸ ਵਿਖੇ ਦੁਕਾਨ ਦੀ ਬੋਲੀ ਬਾਰੇ ਜ਼ਰੂਰੀ ਸ਼ਰਤਾਂ (ਬੋਲੀ ਮਿਤੀ 06-08-2021 ਦਿਨ ਸ਼ੁੱਕਰਵਾਰ)।**

1. ਹਰ ਬੋਲੀਕਾਰ ਮੌਕੇ ਤੇ ਬੋਲੀ ਦੇਣ ਤੋਂ ਪਹਿਲਾਂ ਰਕਮ 50,000/- ਰੁ: ਬਤੌਰ ਜ਼ਮਾਨਤੀ ਰਕਮ ਵਜੋਂ ਜ਼ਮ੍ਹਾਂ ਕਰਵਾਏਗਾ ਅਤੇ ਇਹ ਜ਼ਮਾਨਤੀ ਰਕਮ ਰਜਿਸਟਰਾਰ, ਐਮ.ਆਰ.ਐਸ.ਪੀ.ਟੀ.ਯੂ, ਬਠਿੰਡਾ ਦੇ ਨਾਮ ਤੇ ਡੀ.ਡੀ ਰਾਹੀਂ ਲਈ ਜਾਵੇਗੀ। ਪਹਿਲੇ ਅਤੇ ਦੂਜੇ ਨੰਬਰ ਦੀ ਬੋਲੀ ਵਾਲੇ ਨੂੰ ਛੱਡ ਕੇ ਬਾਕੀਆਂ ਨੂੰ ਜਮਾਨਤੀ ਰਕਮ ਵਾਪਸ ਕਰ ਦਿੱਤੀ ਜਾਵੇਗੀ। ਦੂਸਰੇ ਨੰਬਰ ਦੇ ਬੋਲੀਕਾਰ ਨੂੰ ਜਮਾਨਤੀ ਰਕਮ ਪਹਿਲੇ ਬੋਲੀਕਾਰ ਵੱਲੋ ਦੁਕਾਨ ਦਾ ਚਾਰਜ ਸੰਭਾਂਲਣ ਉਪਰੰਤ ਵਾਪਿਸ ਕਰ ਦਿੱਤੀ ਜਾਵੇਗੀ। ਸਭ ਤੋ ਵੱਧ ਬੋਲੀ ਦੇਣ ਵਾਲੇ ਨੂੰ ਸਮੱਰਥ ਅਧਿਕਾਰੀ ਦੀ ਪ੍ਰਵਾਨਗੀ ਲੈਣ ਉਪਰੰਤ ਦੁਕਾਨ ਅਲਾਟ ਕਰ ਦਿੱਤੀ ਜਾਵੇਗੀ। ਸਰਕਾਰੀ ਬੋਲੀ ਰੁਪਏ 1000/- ਪ੍ਰਤੀ ਮਹੀਨਾ ਪ੍ਰਤੀ ਦੁਕਾਨ ਨਿਸ਼ਚਿਤ ਕੀਤੀ ਗਈ ਹੈ। ਬੋਲੀ ਦੌਰਾਨ ਬੋਲੀਕਾਰ ਤੋ ਇਲਾਵਾ ਹੋਰ ਕੋਈ ਵੀ ਵਿਅਕਤੀ ਦੇ ਸਾਮਿਲ ਹੋਣ ਦੀ ਮਨਾਹੀ ਹੋਵੇਗੀ।
2. ਸਫਲ ਬੋਲੀਕਾਰ ਨੂੰ ਦੁਕਾਨ ਦੀ ਤਿੰਨ ਮਹੀਨੇ ਦੇ ਬਰਾਬਰ ਦੀ ਲਾਇਸੰਸ ਫੀਸ ਜਾਂ 25000/- ਰੁਪੈ ਜੋ ਵੀ ਵੱਧ ਹੋਵੇ, ਬਤੌਰ ਸਕਿਊਰਟੀ ਬੋਲੀ ਤੋ ਸੱਤ ਦਿਨਾਂ ਦੇ ਅੰਦਰ ਅੰਦਰ ਜਮ੍ਹਾਂ ਕਰਵਾਉਣੀ ਪਵੇਗੀ।
3. ਦੁਕਾਨ ਦੇ ਕਿਰਾਏ ਅਤੇ ਲਾਇਸੰਸੀ ਫੀਸ ਤੇ 18% ਜੀ.ਐਸ.ਟੀ ਅਲੱਗ ਤੋਂ ਚਾਰਜ ਕੀਤਾ ਜਾਵੇਗਾ।
4. ਇਹ ਬੋਲੀ ਤੇ ਦੁਕਾਨ ਦੋ ਸਾਲ ਤੱਕ ਲਾਗੂ ਰਹੇਗੀ, ਜੇਕਰ ਪ੍ਰਬੰਧਕ ਦੁਕਾਨ ਚਲਾਉਣ ਦੀ ਕਾਰਗੁਜਾਰੀ ਤੋ ਪ੍ਰਭਾਵਿਤ ਹੋਵੇ ਤਾਂ ਲਾਇਸੰਸ ਫੀਸ ਤੇ ਸਕਿਊਰਟੀ ਦੂਜੇ ਸਾਲ ਲਈ 15 ਪ੍ਰਤੀਸ਼ਤ ਵਧਾ ਕੇ ਲਈ ਜਾਵੇਗੀ। ਜੇਕਰ ਦੁਕਾਨ ਦਾ ਠੇਕਾ ਦੋ ਸਾਲ ਤੋਂ ਪਹਿਲਾਂ ਛੱਡਿਆ ਜਾਂਦਾ ਹੈ ਤਾਂ ਆਪ ਦੀ ਸਕਿਊਰਟੀ ਜਬਤ ਕਰ ਲਈ ਜਾਵੇਗੀ। ਦੋ ਸਾਲ ਦੀ ਮਿਆਦ ਪੂਰੀ ਹੋਣ ਉਪਰੰਤ ਲਾਇਸੰਸੀ ਦੀ ਮਿਆਦ ਵਿਚ ਵਾਧਾ ਇੱਕ-ਇੱਕ ਸਾਲ ਲਈ ਦੋ ਵਾਰ ਹੀ ਕੀਤਾ ਜਾਵੇਗਾ, ਪ੍ਰੰਤੂ ਲਾਇਸੰਸ ਫੀਸ ਤੇ ਸਕਿਊਰਟੀ ਮੌਜੂਦਾ ਰੇਟ ਦਾ 15 ਪ੍ਰਤੀਸ਼ਤ ਵਧਾ ਕੇ ਲਿਆ ਜਾਵੇਗਾ। ਕਿਸੇ ਵੀ ਹਾਲਤ ਵਿਚ ਦੁਕਾਨ ਚਾਰ ਸਾਲ ਤੋ ਵੱਧ ਸਮੇ ਲਈ ਨਹੀ ਦਿੱਤੀ ਜਾਵੇਗੀ।
5. ਬਿਜਲੀ ਬਿੱਲ ਲਾਇਸੰਸੀ ਖੁਦ ਅਦਾ ਕਰੇਗਾ।ਬਿਜਲੀ ਦਾ ਮੀਟਰ ਲਾਇਸੰਸੀ ਖੁਦ ਲਵੇਗਾ। ਜੇਕਰ ਮੀਟਰ ਪਹਿਲਾਂ ਹੀ ਲੱਗਾ ਹੋਵੇ ਤਾਂ ਉਸ ਦੀ ਸਕਿਊਰਟੀ ਵਜੋ ਰੁ: 500/— ਹੋਰ ਜ਼ਮ੍ਹਾਂ ਕਰਵਾਏਗਾ। ਮੀਟਰ ਦੀ ਰੀਡਿੰਗ ਦੁਕਾਨ ਦਾ ਕਬਜਾ ਲੈਣ ਸਮੇ ਨੋਟ ਕੀਤੀ ਜਾਵੇਗੀ। ਬਿਜਲੀ ਦਾ ਮੀਟਰ ਲਾਇਸੰਸੀ ਖੁਦ ਪੰਜਾਬ ਰਾਜ ਬਿਜਲੀ ਬੋਰਡ ਤੋ ਚੈੱਕ ਕਰਵਾ ਕੇ ਸੀਲਡ ਅਤੇ ਸਰਟੀਫੀਕੇਟ ਸਮੇਤ ਅਸਟੇਟ ਵਿਭਾਗ ਵਿੱਚ 10 ਦਿਨਾਂ ਦੇ ਅੰਦਰ ਜਮ੍ਹਾ ਕਰਵਾਏਗਾ। ਇਸ ਸਬੰਧੀ ਬਾਅਦ ਵਿੱਚ ਕਿਸੇ ਵੀ ਤਰ੍ਹਾ ਦੀ ਸ਼ਕਾਇਤ ਤੇ ਕੋਈ ਵਿਚਾਰ ਨਹੀ ਕੀਤਾ ਜਾਵੇਗਾ।
6. ਲਾਇਸੰਸੀ ਵੱਲੋ ਬੋਲੀ ਤੋ ਇਕ ਹਫਤੇ ਦੇ ਅੰਦਰ ਅੰਦਰ ਰੁ: 100/- ਦੇ ਅਸਟਾਮ ਤੇ ਲਾਇਸੰਸੀ ਫੀਸ ਅਤੇ ਹੋਰ ਸ਼ਰਤਾਂ ਬਾਰੇ ਇਸ ਦਫਤਰ ਨਾਲ ਇਕਰਾਰਨਾਮਾ ਕਰਨਾ ਹੋਵੇਗਾ, ਜਿਸ ਦਾ ਖਰਚਾ ਲਾਇਸੰਸੀ ਦਾ ਹੋਵੇਗਾ।
7. ਲਾਇਸੰਸੀ ਦੁਕਾਨ ਵਿਚ ਕਿਸੇ ਕਿਸਮ ਦੀ ਅਦਲਾ ਬਦਲੀ ਕਰਨ ਦਾ ਹੱਕਦਾਰ ਨਹੀ ਹੋਵੇਗਾ।ਅਜਿਹਾ ਕਰਨ ਦੀ ਸੂਰਤ ਵਿਚ ਉਸ ਤੇ ਰਜਿਸਟਰਾਰ/ਸਮੱਰਥ ਅਧਿਕਾਰੀ ਦੇ ਨਾਮਜਦ ਅਧਿਕਾਰੀਆਂ ਵੱਲੋ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।
8. ਰਜਿਸਟਰਾਰ/ਸਮੱਰਥ ਅਧਿਕਾਰੀ ਦੇ ਨਾਮਜਦ ਅਧਿਕਾਰੀਆਂ ਨੂੰ ਦੁਕਾਨ ਵਿਚ ਦਾਖਲ ਹੋ ਕੇ ਨਿਰੀਖਣ ਕਰਨ ਦਾ ਪੂਰਾ ਪੂਰਾ ਹੱਕ ਹੋਵੇਗਾ ਅਤੇ ਨਿਰੀਖਣ ਰਿਪੋਰਟ ਸਮੱਰਥ ਅਧਿਕਾਰੀ ਨੂੰ 3 ਦਿਨਾਂ ਦੇ ਅੰਦਰ-ਅੰਦਰ ਸੋਂਪੀ ਜਾਵੇਗੀ। ਇਸ ਤੋ ਬਿਨਾਂ ਲਾਇਸੰਸੀ ਫੀਸ ਦੀਆਂ ਨਿਰਧਾਰਿਤ ਕਿਸੇ ਵੀ ਤਰ੍ਹਾ ਦੀਆਂ ਸ਼ਰਤਾਂ ਦੀ ਉਲੰਘਣਾ ਕਰਨ ਦੀ ਸੂਰਤ ਵਿਚ ਰਜਿਸਟਰਾਰ, ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ ਨੂੰ ਦੁਕਾਨ ਖਾਲ੍ਹੀ ਕਰਵਾਉਣ ਦਾ ਪੂਰਾ ਹੱਕ ਹੋਵੇਗਾ।
9. ਲਾਇਸੰਸੀ ਵੱਲੋ ਹਰ ਮਹੀਨੇ ਦੀ 10 ਤਾਰੀਖ ਤੱਕ ਅਡਵਾਂਸ ਲਾਇਸੰਸੀ ਫੀਸ ਯੂਨੀਵਰਸਿਟੀ ਲੇਖਾ ਸ਼ਾਖਾ ਵਿਚ ਜਮ੍ਹਾਂ ਕਰਵਾਉਣੀ ਹੋਵੇਗੀ। ਇਸ ਤੋ ਬਾਅਦ 20/- ਰੁਪਏ ਪ੍ਰਤੀ ਦਿਨ ਜੁਰਮਾਨਾ ਵਸੂਲ ਕੀਤਾ ਜਾਵੇਗਾ। ਜੇਕਰ ਇੱਕ ਮਹੀਨੇ ਤੱਕ ਲਾਈਸੰਸੀ ਜੁਰਮਾਨੇ ਸਮੇਤ ਲਾਇਸੰਸੀ ਫੀਸ ਨਹੀ ਭਰਦਾ ਤਾਂ ਉਸ ਦੀ ਦੁਕਾਨ ਖਾਲ੍ਹੀ ਘੋਸ਼ਿਤ ਕਰਕੇ ਸਮਾਨ ਸਮੇਤ ਸਕਿਊਰਟੀ ਜਬਤ ਕਰ ਲਈ ਜਾਵੇਗੀ।
10. ਸਫਲ ਬੋਲੀਦਾਤਾ ਬੋਲੀ ਦੀ ਮਿਤੀ ਤੋ 20 ਦਿਨਾਂ ਦੇ ਅੰਦਰ ਅੰਦਰ ਦੁਕਾਨ ਲਾਜ਼ਮੀ ਚਾਲੂ ਕਰੇਗਾ। ਅਜਿਹਾ ਨਾ ਕਰਨ ਦੀ ਸੂਰਤ ਵਿਚ ਕੋਈ ਯਾਦ ਪੱਤਰ ਨਹੀ ਦਿੱਤਾ ਜਾਵੇਗਾ ਅਤੇ ਸਕਿਊਰਟੀ ਜਬਤ ਕਰ ਲਈ ਜਾਵੇਗੀ ਅਤੇ ਦੋ ਨੰਬਰ ਦੇ ਬੋਲੀਦਾਤਾ ਨੂੰ ਦੁਕਾਨ ਚਾਲੂ ਕਰਨ ਦਾ ਮੌਕਾ ਦੇ ਦਿੱਤਾ ਜਾਵੇਗਾ।
11. ਜੇਕਰ ਬਿਨਾ ਸੂਚਨਾ ਦੇ ਇੱਕ ਹਫਤੇ ਤੋ ਵੱਧ ਸਮਾਂ ਦੁਕਾਨ ਬੰਦ ਰੱਖੀ ਜਾਂਦੀ ਹੈ ਤਾਂ ਕੰਟੀਨ ਖਾਲ੍ਹੀ ਘੋਸ਼ਿਤ ਕਰਕੇ ਸਮਾਨ ਸਮੇਤ ਸਕਿਊਰਟੀ ਜਬਤ ਕਰ ਲਈ ਜਾਵੇਗੀ ਅਤੇ ਪਹਿਲੇ ਬੋਲੀਕਾਰ ਨੂੰ ਬਲੈਕ ਲਿਸਟ ਕਰਦਿਆ ਅੱਗੇ ਤੋ ਬੋਲੀ ਵਿੱਚ ਭਾਗ ਲੈਣ ਦੀ ਮਨਾਹੀ ਹੋਵੇਗੀ।

12. ਦੁਕਾਨ ਦੇ ਚਾਰਜ ਲੈਣ ਜਾਂ ਕਿਸੇ ਕਿਸਮ ਦੇ ਹੋਰ ਮਾਮਲੇ ਜਾਂ ਝਗੜੇ ਸਬੰਧੀ ਰਜਿਸਟਰਾਰ ਦਾ ਫੈਸਲਾ ਸਹੀ ਅਤੇ ਆਖਰੀ ਮੰਨਿਆ ਜਾਵੇਗਾ।

13. ਦੁਕਾਨ ਜਿਸ ਮੰਤਵ ਲਈ ਦਿੱਤੀ ਜਾਵੇਗੀ, ਉਸੇ ਮੰਤਵ ਲਈ ਹੀ ਵਰਤੀ ਜਾਵੇਗੀ ਅਤੇ ਕਿਸੇ ਵੀ ਹਾਲਤ ਵਿਚ ਅੱਗੇ ਸਬਲੈਟ/ ਪਾਰਟਨਰਸ਼ਿਪ ਨਹੀ ਕੀਤੀ ਜਾਵੇਗੀ। ਅਜਿਹੀ ਸੂਰਤ ਵਿੱਚ ਦੁਕਾਨ ਖਾਲੀ ਕਰਕੇ ਸਮਾਨ ਸਮੇਤ ਸਕਿਊਰਟੀ ਜਬਤ ਕਰ ਲਈ ਜਾਵੇਗੀ।

14. ਰਜਿਸਟਰਾਰ ਨੂੰ ਬਿਨਾਂ ਕਿਸੇ ਕਾਰਨ ਦੱਸੇ ਬੋਲੀ ਪ੍ਰਵਾਨ/ਅਪ੍ਰਵਾਨ ਕਰਨ ਦਾ ਪੂਰਾ ਪੂਰਾ ਹੱਕ ਹੋਵੇਗਾ।

15 ਰਜਿਸਟਰਾਰ ਵੱਲੋ ਦੁਕਾਨ ਖਾਲ੍ਹੀ ਕਰਵਾਉਣ ਲਈ ਦਿੱਤੇ ਨੋਟਿਸ ਅਨੁਸਾਰ ਜਾਂ ਇਸ ਦੇ ਸਮੇ ਦੀ ਮਿਆਦ ਖਤਮ ਹੋਣ ਉਪਰੰਤ ਅਗਰ ਲਾਇਸੰਸੀ ਦੁਕਾਨ ਖਾਲ੍ਹੀ ਨਹੀ ਕਰਦਾ ਤਾਂ ਉਸ ਤੋਂ ਲਾਇਸੰਸੀ ਫੀਸ ਦੀ 20 ਗੁਣਾ ਰਕਮ ਭਰਵਾਈ ਜਾਵੇਗੀ ਅਤੇ ਬਣਦੀ ਯੋਗ ਕਾਰਵਾਈ ਕੀਤੀ ਜਾਵੇਗੀ।

16 ਸਫਲ ਬੋਲੀਦਾਤਾ ਦੁਕਾਨ ਤੇ ਬੈਠਣ ਵਾਲੇ ਵਿਅਕਤੀ ਜਿਵੇ ਕਿ ਸੇਲਜ ਮੈਨ ਅਤੇ ਨੌਕਰ ਆਦਿ ਦਾ ਪੂਰਾ ਵੇਰਵਾ ਫੋਟੋ ਸਮੇਤ ਅਸਟੇਟ ਵਿਭਾਗ ਨੂੰ ਪੇਸ਼ ਕਰੇਗਾ।

17 ਰਜਿਸਟਰਾਰ, ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ ਵੱਲੋ ਲਾਇਸੰਸ ਫੀਸ਼ ਅਤੇ ਸਮਾਨ ਵੇਚਣ ਬਾਰੇ ਲਿਆ ਗਿਆ ਫੈਸਲਾ ਲਾਇਸੰਸੀ ਤੇ ਅੰਤਮ ਤੌਰ ਤੇ ਲਾਗੂ ਹੋਵੇਗਾ।

18 ਵਿਦਿਆਰਥੀਆਂ ਨੂੰ ਕਾਊਟਰ ਤੇ ਬੈਠਣ ਦੀ ਆਗਿਆ ਨਹੀ ਹੋਵੇਗੀ ਅਤੇ ਇਸ ਦੀ ਉਲੰਘਣਾ ਹੋਣ ਦੀ ਸੂਰਤ ਵਿਚ ਲਾਇਸੰਸੀ ਖੁਦ ਜ਼ਿਮੇਵਾਰ ਹੋਵੇਗਾ। ਅਜਿਹੀ ਸ਼ਿਕਾਇਤ ਦੀ ਸੂਰਤ ਵਿਚ ਰਜਿਸਟਰਾਰ, ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ ਵੱਲੋ ਕੀਤੀ ਗਈ ਕਾਰਵਾਈ/ਫੈਸਲਾ ਲਾਇਸੰਸੀ ਤੇ ਲਾਗੂ ਹੋਵੇਗਾ।

19 ਵਿਦਿਆਰਥੀਆਂ ਅਤੇ ਸਟਾਫ ਨਾਲ ਲੈਣ ਦੇਣ ਦੇ ਜਾ ਉਧਾਰ ਆਦਿ ਦੇ ਕਿਸੇ ਵੀ ਮਾਮਲੇ ਵਿਚ ਰਜਿਸਟਰਾਰ, ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ ਦੀ ਕੋਈ ਜ਼ਿਮੇਵਾਰੀ ਨਹੀ ਹੋਵੇਗੀ।

20 ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ ਵਿੱਚ ਸਕਿਉਰਟੀ ਦੀ ਜੋ ਰਕਮ ਜਮ੍ਹਾਂ ਕਰਵਾਈ ਜਾਵੇਗੀ, ਉਸ ਉਪਰ ਕੋਈ ਵਿਆਜ ਨਹੀ ਦਿੱਤਾ ਜਾਵੇਗਾ।

21 ਸਫਲ ਬੋਲੀਦਾਤਾ ਜੇਕਰ ਕਿਸੇ ਸਮੇ ਵੀ ਕਿਸੇ ਕਿਸਮ ਦਾ ਨਸ਼ਾ ਕਰਦਾ ਹੈ ਜਾਂ ਨਸ਼ਾ ਕਰਨ ਲਈ ਪ੍ਰੇਰਿਤ ਕਰਦਾ ਹੈ ਤਾਂ ਉਸ ਦੀ ਦੁਕਾਨ ਦੀ ਅਲਾਟਮੈਂਟ ਤੁਰੰਤ ਰੱਦ ਕਰਕੇ ਸਕਿਉਰਟੀ ਜਬਤ ਕਰ ਲਈ ਜਾਵੇਗੀ।

22 ਇਹ ਜ਼ਰੂਰੀ ਹੈ ਕਿ ਬੋਲੀਦਾਤਾ ਦਾ ਵਿਵਹਾਰ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ ਦੇ ਅਧਿਕਾਰੀਆਂ, ਕਰਮਚਾਰੀਆਂ ਅਤੇ ਵਿਦਿਆਰਥੀਆਂ ਦੇ ਪ੍ਰਤੀ ਚੰਗਾ ਹੋਵੇ ਅਤੇ ਗਲਤ ਵਿਵਹਾਰ ਬਾਰੇ ਸ਼ਿਕਾਇਤ ਦੀ ਸੂਰਤ ਵਿਚ ਰਜਿਸਟਰਾਰ ਕੋਲ ਅਧਿਕਾਰ ਹੋਵੇਗਾ ਕਿ ਉਹ ਤੁਰੰਤ ਉਸ ਦੀ ਦੁਕਾਨ ਦੀ ਅਲਾਟਮੈਂਟ ਰੱਦ ਕਰਕੇ ਖਾਲ੍ਹੀ ਕਰਵਾ ਸਕਦਾ ਹੈ।

23. ਸਫਲ ਬੋਲੀਦਾਤਾ ਆਪਣੇ ਚਾਲ-ਚੱਲਣ ਸੰਬਧੀ ਸਰਪੰਚ ਜਾਂ ਮਿਉਂਸਪਲ ਕੌਂਸਲਰ (ਐਮ.ਸੀ.) ਤੋ ਤਸਦੀਕ ਕਰਵਾ ਕੇ ਇਹ ਸਰਟੀਫੀਕੇਟ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ ਨੂੰ ਦੁਕਾਨ ਲੈਣ ਤੋ ਤੁਰੰਤ ਬਾਅਦ ਪੇਸ਼ ਕਰੇਗਾ।

24. ਲਾਇਸੰਸੀ ਵੱਲੋ ਦੁਕਾਨ ਉੱਪਰ ਸਾਮਾਨ ਮਾਰਕਿਟ ਰੇਟਾਂ ਤੋਂ ਜਿਆਦਾ ਰੇਟ ਤੇ ਨਹੀਂ ਵੇਚਿਆ ਜਾਵੇਗਾ ਅਤੇ ਵੇਚੇ ਜਾਣ ਵਾਲੇ ਸਾਮਾਨ ਦੇ ਰੇਟਾਂ ਦੀ ਲਿਸਟ ਦੁਕਾਨ ਦੇ ਬਾਹਰ ਪ੍ਰਕਾਸ਼ਿਤ ਕਰਨੀ ਲਾਜਮੀ ਹੋਵੇਗੀ। ਜੇਕਰ ਮਾਰਕਿਟ ਰੇਟਾਂ ਤੋਂ ਜਿਆਦਾ ਰੇਟ ਤੇ ਸਾਮਾਨ ਵੇਚਦਾ ਪਾਇਆ ਜਾਂਦਾ ਹੈ ਤਾਂ ਉਸ ਸੰਬੰਧਿਤ ਦੁਕਾਨ ਦਾ ਲਾਇਸੈਂਸ ਰੱਦ ਕਰ ਦਿੱਤਾ ਜਾਵੇਗਾ।

25. ਦੁਕਾਨ ਦੇ ਕਿਸੇ ਵੀ ਜਾਨੀ-ਮਾਲੀ ਨੁਕਸਾਨ ਦੀ ਯੂਨੀਵਰਸਿਟੀ ਦੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ।

26. ਲਾਇਸੰਸੀ ਵੱਲੋ ਕੋਵਿਡ-19/ਕੁਦਰਤੀ ਆਫਤ/ਯੂਨੀਵਰਸਿਟੀ ਜਾਂ ਪੰਜਾਬ ਜਾਂ ਕੇਂਦਰ ਸਰਕਾਰ ਵੱਲੋ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇਗੀ।

27. ਲਾਇਸੰਸੀ ਵੱਲੋ ਆਪਣੀ ਦੁਕਾਨ ਅਤੇ ਇਸਦਾ ਆਲਾ-ਦੁਆਲਾ ਸਾਫ ਰੱਖਿਆ ਜਾਵੇਗਾ ਅਤੇ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਜੁਰਮਾਨਾ ਲਗਾਇਆ ਜਾਵੇਗਾ।

ਉਪਰੋਕਤ ਸਾਰੀਆਂ ਸ਼ਰਤਾਂ ਦੀ ਇੰਨ ਬਿਨ ਪਾਲਣਾ ਨਾ ਕਰਨ ਦੀ ਸੂਰਤ ਵਿਚ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ ਦੇ ਅਧਿਕਾਰੀਆਂ ਵੱਲੋ ਕੀਤੀ ਕਾਰਵਾਈ ਅਤੇ ਫੈਸਲਾ ਲਾਇਸੰਸੀ ਤੇ ਤੁਰੰਤ ਲਾਗੂ ਹੋਵੇਗਾ।

ਰਜਿਸਟਰਾਰ,
ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ
ਯੂਨੀਵਰਸਿਟੀ, ਬਠਿੰਡਾ।